# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-12-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਦੂਜੇ ਦਿਨ ਮੁੱਖ ਸਕੱਤਰਾਂ ਦੀ ਚੌਥੀ ਕੌਮੀ ਕਾਨਫਰੰਸ ਦੀ ਪ੍ਰਧਾਨਗੀ ਕਰ ਰਹੇ ਨੇ। ਤਿੰਨ ਦਿਨਾਂ ਸੰਮੇਲਨ ਸ਼ੁੱਕਰਵਾਰ ਨੂੰ ਸ਼ੁਰੂ ਹੋਇਆ। ਸ੍ਰੀ ਮੋਦੀ ਅੱਜ ਕਾਨਫਰੰਸ ਦੇ ਸਮਾਪਤੀ ਸੈਸ਼ਨ ਨੂੰ ਵੀ ਸੰਬੋਧਨ ਕਰਨਗੇ। ਕੌਮੀ ਕਾਨਫਰੰਸ ਇੱਕ ਸਾਂਝੇ ਵਿਕਾਸ ਏਜੰਡੇ ਦੇ ਵਿਕਾਸ ਅਤੇ ਲਾਗੂ ਕਰਨ ਅਤੇ ਸੂਬਿਆਂ ਦੇ ਨਾਲ ਸਾਂਝੇਦਾਰੀ ਵਿੱਚ ਇਕਸੁਰਤਾ ਦੀ ਕਾਰਵਾਈ ਲਈ ਇੱਕ ਖਾਕਾ ਬਣਾਉਣ 'ਤੇ ਧਿਆਨ ਕੇਂਦਰਿਤ ਕਰ ਰਹੀ ਏ। ਕਾਨਫਰੰਸ ਦਾ ਉਦੇਸ਼ ਸਹਿਕਾਰੀ ਸੰਘਵਾਦ ਨੂੰ ਵਧਾਉਣ ਅਤੇ ਤੇਜ਼ੀ ਨਾਲ ਵਿਕਾਸ ਅਤੇ ਵਿਕਾਸ ਨੂੰ ਪ੍ਰਾਪਤ ਕਰਨ ਲਈ ਬਿਹਤਰ ਤਾਲਮੇਲ ਨੂੰ ਯਕੀਨੀ ਬਣਾਉਣ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਕੇਂਦਰ ਅਤੇ ਸੂਬਿਆਂ ਸਰਕਾਰਾਂ ਵਿਚਕਾਰ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਕਰਨਾ ਏ। ਮੁੱਖ ਸਕੱਤਰ, ਸਾਰੇ

ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਸੀਨੀਅਰ ਅਧਿਕਾਰੀ ਅਤੇ ਡੋਮੇਨ ਮਾਹਿਰਾਂ ਸਮੇਤ ਹੋਰ ਲੋਕ ਕਾਨਫਰੰਸ ਵਿੱਚ ਹਿੱਸਾ ਲੈ ਰਹੇ ਨੇ।

--------------------------------------------------------

ਦਿੱਲੀ BJP ਦੇ ਪ੍ਰਧਾਨ ਵੀਰੇਂਦਰ ਸਚਦੇਵਾ ਨੇ ਕਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ, ਆਮ ਆਦਮੀ ਪਾਰਟੀ ਵੱਲੋਂ ਸੂਬੇ ਦੀਆਂ ਔਰਤਾਂ ਲਈ ਐਲਾਨੇ ਮਹੀਨੇਵਾਰ  ਭੱਤੇ ਬਾਰੇ ਜਾਣਕਾਰੀ ਮੰਗੀ ਏ। ਉਨ੍ਹਾਂ ਆਪਣੇ ਪੱਤਰ ਵਿੱਚ ਕਿਹਾ ਕਿ ਸਾਲ 2022 ਵਿੱਚ ਚੋਣ ਪ੍ਰਚਾਰ ਦੌਰਾਨ, ਆਮ ਆਦਮੀ ਪਾਰਟੀ ਨੇ ਪੰਜ ਗਾਰੰਟੀਆਂ ਦਾ ਐਲਾਨ ਕੀਤਾ ਸੀ, ਜਿਸ ਵਿੱਚ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਗਿਆ ਸੀ। ਇਸ ਪੱਤਰ ਵਿੱਚ ਵੀਰੇਂਦਰ ਸਚਦੇਵਾ ਨੇ, ਆਮ ਆਦਮੀ ਪਾਰਟੀ ਦੀ ਸੱਤਾ ਵਾਲੀ ਪੰਜਾਬ ਸਰਕਾਰ ਤੋਂ, ਐਲਾਨੇ ਮਹੀਨੇਵਾਰ  ਭੱਤੇ ਦੀ ਸਥਿਤੀ ਸਪੱਸ਼ਟ ਕਰਨ ਦੀ ਵੀ ਮੰਗ ਕੀਤੀ ਏ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਕਰੀਬ 3 ਸਾਲ ਬੀਤ ਜਾਣ ਤੋਂ ਬਾਅਦ ਵੀ, ਆਮ

ਆਦਮੀ ਪਾਰਟੀ ਨੇ, ਪੰਜਾਬ ਵਿੱਚ ਔਰਤਾਂ ਨੂੰ ਮਹੀਨਾਵਾਰ ਭੱਤਾ ਦੇਣਾ ਸ਼ੁਰੂ ਨਹੀਂ ਕੀਤਾ ਏ।

---------------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ, ਕਿਸਾਨੀ ਮੰਗਾਂ ਨੂੰ ਲੈਕੇ 20 ਦਿਨ ਤੋਂ ਮਰਨ ਵਰਤ ਤੇ ਬੈਠੇ, ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਅੱਜ ਪਟਿਆਲਾ ਦੇ ਖਨੌਰੀ ਬਾਰਡਰ ਵਿਖੇ ਮੁਲਾਕਾਤ ਕੀਤੀ। ਉਨ੍ਹਾਂ ਦੇ ਨਾਲ ਕੇਂਦਰੀ ਗ੍ਰਿਹ ਮਾਮਲਿਆਂ ਬਾਰੇ ਡਾਇਰੈਕਟਰ ਮਿਯੰਕ ਮਿਸ਼ਰਾ ਵੀ ਮੌਜੂਦ ਰਹੇ। ਗੱਲਬਾਤ ਕਰਨ ਤੋਂ ਬਾਅਦ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਦਸਿਆ ਕਿ ਸਰਕਾਰ ਨੇ, ਕਿਸਾਨਾਂ ਦੇ ਸ਼ਾਂਤਮਈ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਏ ਅਤੇ ਸਰਵਉੱਚ ਅਦਾਲਤ ਮੁਤਾਬਿਕ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਬਿਨਾਂ ਬਲ ਤੋ ਖੁਲਵਾਇਆ ਜਾਵੇ, ਜਿਸ ਲਈ, ਓਹਨਾ ਡੱਲੇਵਾਲ ਨੂੰ ਮਰਨ ਵਰਤ ਖੋਲਣ ਦੀ ਬੇਨਤੀ ਕੀਤੀ ਏ। ਪੁਲਿਸ ਮੁਖੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਵੀ ਇਹ ਸੁਨੇਹਾ ਭੇਜਿਆ ਕਿ ਉਹ ਵੀ, ਆਪਣੇ ਪੱਧਰ 'ਤੇ ਕੇਂਦਰ ਨਾਲ ਕਿਸਾਨੀ ਮੰਗਾਂ

ਲਈ ਗੱਲਬਾਤ ਕਰ ਰਹੇ ਨੇ, ਤਾਂ ਜੌ ਇਸ ਮਸਲੇ ਦਾ ਹੱਲ ਹੋ ਸਕੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨਾਲ ਗੱਲਬਾਤ ਕਰਕੇ, ਹੱਲ ਕੱਢਣ ਦੀ ਕੋਸ਼ਿਸ਼ ਕੀਤੀ ਜਾ ਰਹੀ ਏ। ਓਧਰ ਡਾਇਰੈਕਟਰ ਮਿਯੰਕ ਮਿਸ਼ਰਾ ਨੇ ਕਿਹਾ ਕਿ ਸਰਵਉੱਚ ਅਦਾਲਤ ਦੇ ਹੁਕਮ ਮੁਤਾਬਿਕ, ਓਹ ਡੱਲੇਵਾਲ ਨਾਲ ਗੱਲਬਾਤ ਕਰਨ ਆਏ ਨੇ ਅਤੇ ਉਨ੍ਹਾਂ ਦੀਆਂ ਮੰਗਾਂ ਸੁਣੀਆਂ ਗਈਆਂ ਨੇ, ਜਿਹਨਾ ਨੂੰ ਕੇਂਦਰ ਤੱਕ ਪਹੁੰਚਿਆ ਜਾਵੇਗਾ।

---------------------------------------------------------

ਅੰਮ੍ਰਿਤਸਰ ਪੁਲਿਸ ਨੇ ਗੁਪਤ ਸੂਚਨਾ 'ਤੇ ਕਾਰਵਾਈ ਕਰਦੇ ਹੋਏ,ਬਰਤਾਨੀਆ ਸਥਿਤ ਸੰਚਾਲਕ ਧਰਮਾ ਸੰਧੂ ਨਾਲ, ਜੁੜੇ 8 ਸ਼ੱਕੀ ਵਿਅਕਤੀਆਂ ਨੂੰ ਅੰਮ੍ਰਿਤਸਰ ਤੋਂ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ, 6 ਪਿਸਤੌਲਾਂ, 16 ਅਣਚੱਲੇ ਕਾਰਤੂਸ, ਸਾਢੇ 4 ਕਿਲੋ ਹੈਰੋਇਨ ਸਮੇਤ ਡੇਢ ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਦਾਰ ਪਟੇਲ ਦੀ ਸ਼ਖਸੀਅਤ ਅਤੇ ਕੰਮ, ਦੇਸ਼ ਦੀ ਏਕਤਾ, ਅਖੰਡਤਾ ਅਤੇ ਵਿਕਸਤ ਭਾਰਤ ਦੇ ਸੰਕਲਪ ਦੀ ਪ੍ਰਾਪਤੀ ਲਈ, ਨਾਗਰਿਕਾਂ ਲਈ ਪ੍ਰੇਰਨਾ ਸਰੋਤ ਬਣੇ ਰਹਿਣਗੇ। ਐਕਸ 'ਤੇ ਇੱਕ ਪੋਸਟ ਸਾਂਝੀ ਕਰਦਿਆਂ ,ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਲੋਹ ਪੁਰਸ਼, ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੇ ਸਮਾਰਕ 'ਤੇ ਨਮਨ ਕੀਤਾ ।ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਕਰਦਿਆਂ, 500 ਤੋਂ ਵੱਧ ਰਿਆਸਤਾਂ ਨੂੰ ਮਿਲਾ ਕੇ, ਆਧੁਨਿਕ ਭਾਰਤ ਦੇ ਨਿਰਮਾਣ ਦਾ ਨੀਂਹ ਪੱਥਰ ਰੱਖਣ ਦਾ ਸਿਹਰਾ, ਸਰਦਾਰ ਪਟੇਲ ਨੂੰ ਦਿੱਤਾ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਭਾਰਤ ਦੇ ਲੋਹ ਪੁਰਸ਼ ਨੂੰ ਯਾਦ ਕਰਦਿਆਂ, ਗ੍ਰਹਿ ਮੰਤਰੀ ਨੇ ਉਨ੍ਹਾਂ ਨੂੰ ਦੇਸ਼ ਦੀ ਏਕਤਾ ਦਾ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ ਕਿ ਰਾਸ਼ਟਰੀ ਏਕਤਾ ਅਤੇ ਅਖੰਡਤਾ ਪ੍ਰਤੀ ਉਨ੍ਹਾਂ

ਦੀ ਵਚਨਬੱਧਤਾ ਨੇ 'ਏਕ ਭਾਰਤ ਸ੍ਰੇਸ਼ਟ ਭਾਰਤ' ਦੀ ਮਜ਼ਬੂਤ ਬੁਨਿਆਦ ਰੱਖੀ ।

---------------------------------------------------------

ਲੁਧਿਆਣਾ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਲ ਪਰਮ ਵੀਰ ਚੱਕਰ ਪ੍ਰਾਪਤ ਸ਼ਹੀਦ ਫਲਾਇੰਗ ਅਫ਼ਸਰ ਨਿਰਮਲਜੀਤ ਸਿੰਘ ਸੇਖੋਂ ਨੂੰ, ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀਆਂ ਭੇਟ ਕਰਨ ਲਈ ਇੱਕ ਸਮਾਗਮ ਕਰਵਾਇਆ ਗਿਆ। ਪਿੰਡ ਈਸੇਵਾਲ ਦੇ ਵਸਨੀਕ ਸ਼ਹੀਦ ਨਿਰਮਲ ਜੀਤ ਸਿੰਘ ਸੇਖੋਂ ਨੇ, ਸਾਲ 1971 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਅਤੇ ਹਵਾਈ ਸੈਨਾ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਹੀਦ ਨੂੰ ਗਾਰਡ ਆਫ਼ ਆਨਰ ਦਿੱਤਾ । ਸਮਾਗਮ ਦੌਰਾਨ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ। 17 ਜੁਲਾਈ, 1943 ਨੂੰ ਜਨਮੇ ਸ਼ਹੀਦ ਨਿਰਮਲ ਜੀਤ ਸਿੰਘ ਸੇਖੋਂ ਨੂੰ, 4 ਜੁਲਾਈ, 1967 ਨੂੰ ਭਾਰਤੀ ਹਵਾਈ ਸੈਨਾ ਵਿੱਚ ਕਮਿਸ਼ਨ ਮਿਲਿਆ ਸੀ । 1971 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ, 14 ਦਸੰਬਰ, 1971 ਨੂੰ ਸ੍ਰੀਨਗਰ ਏਅਰ ਫੀਲਡ 'ਤੇ ਛੇ

ਪਾਕਿਸਤਾਨੀ ਜਹਾਜ਼ਾਂ ਨੇ ਹਮਲਾ ਕੀਤਾ ਸੀ। ਫਲਾਇੰਗ ਅਫਸਰ ਨੇ ਪਾਕਿਸਤਾਨੀ ਹਮਲੇ ਨੂੰ ਨਾਕਾਮ ਕਰਨ ਲਈ ਬੇਮਿਸਾਲ ਹਿੰਮਤ, ਬਹਾਦਰੀ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਕੀਤਾ ਅਤੇ ਦੁਸ਼ਮਣ ਦੇ ਦੋ ਜਹਾਜ਼ਾਂ ਨੂੰ ਤਬਾਹ ਕਰ ਦਿੱਤਾ, ਜਿਸ ਨਾਲ ਦੁਸ਼ਮਣ ਨੂੰ ਵਾਪਸ ਪਰਤਣਾ ਪਿਆ ਸੀ।

--------------------------------------------------

ਪੰਜਾਬ ਤੇ ਚੰਡੀਗੜ੍ਹ ਵਿਚ ਅੱਜ ਵੀ ਸ਼ੀਤ ਲਹਿਰ ਦਾ ਅਸਰ ਦੇਖਣ ਨੂੰ ਮਿਲ ਰਿਹਾ ਏ । ਮੌਸਮ ਵਿਭਾਗ ਮੁਤਾਬਕ, ਪੰਜਾਬ ਦਾ ਆਦਮਪੁਰ ਏਅਰ ਫੋਰਸ ਸਟੇਸ਼ਨ ਸਭ ਤੋਂ ਠੰਢਾ ਰਿਹਾ ਇਥੇ ਤਾਪਮਾਨ 0.7 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਨੇ ਅੱਜ ਵੀ ਪੰਜਾਬ ਅਤੇ ਚੰਡੀਗੜ੍ਹ ਵਿੱਚ ਸ਼ੀਤ ਲਹਿਰ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਏ। ਪੰਜਾਬ ਵਿੱਚ ਇਹ ਅਲਰਟ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਹੁਸ਼ਿਆਰਪੁਰ, ਜਲੰਧਰ ਸਮੇਤ 21 ਜ਼ਿਲ੍ਹਿਆਂ ਲਈ ਜਾਰੀ ਕੀਤਾ ਗਿਆ ਏ । ਮੌਸਮ ਵਿਗਿਆਨ ਕੇਂਦਰ ਦੇ ਵਿਗਿਆਨੀ ਸ਼ਸ਼ੀਕਾਂਤ ਮਿਸ਼ਰਾ ਨੇ ਦੱਸਿਆ ਕਿ ਪੱਛਮੀ ਗੜਬੜੀ ਇੱਕ ਵਾਰ ਫਿਰ

ਸਰਗਰਮ ਹੋ ਰਹੀ ਏ। ਇਸਦਾ ਅਸਰ ਜੰਮੂ-ਕਸ਼ਮੀਰ, ਲੱਦਾਖ ਅਤੇ ਨਾਲ ਲੱਗਦੇ ਖੇਤਰਾਂ ਵਿੱਚ ਹੋਵੇਗਾ ਜੇ ਉਥੇ ਚੰਗੀ ਬਰਫਬਾਰੀ ਹੋਈ ਤਾਂ ਪੰਜਾਬ ਵਿੱਚ ਤਾਪਮਾਨ ਹੋਰ ਵੀ ਘਟੇਗਾ।